**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਜੀ.ਓ.ਜੀ. ਵੱਲੋਂ ਪਿੰਡਾਂ ਵਿਚ ਕੈਂਪ ਲਗਾ ਕੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਬਾਰੇ ਕੀਤਾ ਜਾ ਰਿਹੈ ਜ਼ਾਗਰੂਕ**

**ਫਾਜ਼ਿਲਕਾ, 25 ਫਰਵਰੀ**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਨਲ ਅਜੀਤ ਸਿੰਘ ਸਮਾਘ ਅਤੇ ਤਹਿਸੀਲ ਹੈੱਡ ਜੀਓਜੀ ਕੈਪਟਨ ਅੰਮ੍ਰਿਤ ਲਾਲ ਦੇ ਸਹਿਯੋਗ ਸਦਕਾ ਪਿੰਡਾਂ ਵਿਚ ਕੈਂਪ ਲਗਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਖੁਸ਼ਹਾਲੀ ਦੇ ਰਾਖਿਆਂ ਵੱਲੋਂ ਨਸ਼ਾ ਮੁਕਤ ਭਾਰਤ ਸਿਰਜਣ ਲਈ ਅਹਿਮ ਉਪਰਾਲੇ ਕਰਦਿਆਂ ਵਿਸ਼ੇਸ਼ ਗਤੀਵਿਧੀਆਂ ਆਰੰਭੀਆਂ ਜਾ ਰਹੀਆਂ ਹਨ।

ਖੁਸ਼ਹਾਲੀ ਦੇ ਰਾਖਿਆਂ ਵੱਲੋਂ ਤਹਿਸੀਲ ਜਲਾਲਾਬਾਦ ਅਧੀਨ ਪੈਂਦੇ ਪਿੰਡ ਚੱਕ ਭਾਬੜਾ ਵਿਚ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਡੈਪੋ ਸਕੀਮ ਤਹਿਤ ਸੈਮੀਨਾਰ ਲਗਾਇਆ ਗਿਆ ਜਿਸ ਵਿਚ ਨਸ਼ਿਆਂ ਤੋਂ ਛੁਟਕਾਰਾ ਪਾਉਣ ਅਤੇ ਕੋਵਿਡ 19 ਤੋ ਬਚਾਅ ਲਈ ਹਾਜ਼ਰੀਨ ਨੂੰ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਜੀਓਜੀ ਪਿੰਡਾਂ ਵਿੱਚ ਜਾ ਕੇ ਲਾਭਪਾਤਰੀਆਂ ਨੂੰ ਪੰਜਾਬ ਸਰਕਾਰ ਵੱਲੋ ਚਲਾਈਆਂ ਜਾਂਦੀਆਂ ਵੱਖ-ਵੱਖ ਸਕੀਮਾਂ ਤਹਿਤ ਦਿੱਤੀਆਂ ਜਾਂ ਰਹੀਆਂ ਸਹੂਲਤਾਂ ਨੂੰ ਜਮੀਨੀ ਪੱਧਰ ਤੱਕ ਪਹੁੰਚਾਉਣ ਲਈ ਯੋਗ ਉਪਰਾਲੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਛੋਟੇ ਛੋਟੇ ਸਮੂਹਾਂ ਵਿੱਚ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸੇ ਕੜੀ ਤਹਿਤ ਪਿੰਡ ਚੱਕ ਭਾਬੜਾ ਵਿੱਚ ਨਸ਼ਿਆਂ ਵਿਰੁੱਧ ਅਤੇ ਕਰੋਨਾ ਤੋ ਬਚਾਅ ਰੱਖਣ ਲਈ ਪ੍ਰੇਰਿਤ ਖੁਸ਼ਹਾਲੀ ਦੇ ਰਾਖਿਆਂ ਵੱਲੋਂ ਪਿੰਡ ਪਿੰਡ ਜਾ ਕੇ ਇਹ ਪ੍ਰਚਾਰ ਕੀਤਾ ਜਾ ਰਿਹਾ ਹੈ ਤਾਂ ਕਿ ਸਾਡਾ ਸਮਾਜ ਨਸ਼ਿਆਂ ਦੀ ਨਾਮੁਰਾਦ ਬਿਮਾਰੀ ਤੋ ਬਚਾਇਆ ਜਾ ਸਕੇ ਅਤੇ ਕਰੋਨਾ ਤੋਂ ਸੁਰਖਿਅਤ ਰਹੇ।

ਪਿੰਡ ਸਿੰਘੇ ਵਾਲਾ ਤਹਿਸੀਲ ਜਲਾਲਾਬਾਦ ਦੇ ਪਿੰਡ ਵਿੱਚ ਮਗਨਰੇਗਾ ਵਰਕਰਾਂ ਦੇ ਨਾਲ ਨਸ਼ਿਆਂ ਦੇ ਖਿਲਾਫ ਡੈਪੋ ਸੈਮੀਨਾਰ ਕਰਵਾਇਆ ਗਿਆ। ਇਹ ਵੀ ਕਿਹਾ ਗਿਆ ਕਿ ਜੇਕਰ ਆਲੇ-ਦੁਆਲੇ ਕਿਤੇ ਵੀ ਨਸ਼ਾ ਵਿਕਣ ਦੀ ਖਬਰ ਮਿਲਦੀ ਹੈ ਤਾਂ ਇਸ ਦੀ ਸੂਚਨਾ 112 ਤੇ ਦਿਉਂ।ਦੱਸਣ ਵਾਲੇ ਦੀ ਪਹਿਚਾਨ ਗੁਪਤ ਰੱਖੀ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਤੋਂ ਪੀੜਤਾਂ ਨੂੰ ਇਲਾਜ ਲਈ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਬਣੇ ਨਸ਼ਾ ਮੁਕਤੀ ਕੇਂਦਰ ਜਾਂ ਓਟ ਕਲੀਨਿਕ ਲੈ ਕੇ ਆਓ, ਸਰਕਾਰ ਵਲੋਂ ਇਲਾਜ ਮੁਫਤ ਹੈ। ਇਸ ਤੋਂ ਇਲਾਵਾ ਕੋਵਿਡ 19 ਦੀ ਮਹਾਂਮਾਰੀ ਬਿਮਾਰੀ ਦੇ ਬਚਾਅ ਲਈ ਜਿਵੇਂ ਮਾਸਕ ਲਾਉਣਾ, ਦੋ ਗਜ਼ ਦੀ ਦੂਰੀ, ਵਾਰ ਵਾਰ ਹੱਥਾਂ ਨੂੰ ਧੋਣਾ, ਇੱਕਠ ਵਿੱਚ ਨਾ ਜਾਣ ਬਾਰੇ ਵੀ ਦੱਸਿਆ ਗਿਆ।ਇਸ ਮੌਕੇ ਜੀਓਜੀ ਨਾਇਬ ਸੂਬੇਦਾਰ ਫ਼ਲਕ ਸਿੰਘ ਮੌਜੂਦ ਰਹੇ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ**

**ਸਰਹੱਦੀ ਇਲਾਕੇ ਦੇ ਕਿਸਾਨਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਡਿਪਟੀ ਕਮਿਸ਼ਨਰ ਵੱਲੋਂ ਬੈਠਕ**

**ਫਾਜ਼ਿਲਕਾ, 25 ਫਰਵਰੀ**

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਇੱਥੇ ਅੰਤਰਰਾਸ਼ਟਰੀ ਸਰਹੱਦ ਨਾਲ ਲੱਗਦੇ ਪਿੰਡਾਂ ਦੇ ਕਿਸਾਨਾਂ ਦੀਆਂ ਮੁਸ਼ਕਿਲਾਂ ਸਬੰਧੀ ਇਕ ਬੈਠਕ ਕੀਤੀ। ਇਸ ਬੈਠਕ ਵਿਚ ਸੀਮਾ ਸੁਰੱਖਿਆ ਬਲ ਦੇ ਅਧਿਕਾਰੀ ਵੀ ਹਾਜਰ ਸਨ। ਇਸ ਮੌਕੇ ਕਿਸਾਨਾਂ ਵੱਲੋਂ ਤਾਰੋਂ ਪਾਰ ਅਤੇ ਤਾਰ ਦੇ ਨਜਦੀਕ ਦੇ 200 ਮੀਟਰ ਖੇਤਰ ਵਿਚ ਖੇਤੀ ਕਰਨ ਵਿਚ ਆ ਰਹੀਆਂ ਮੁਸਕਿਲਾਂ ਸਬੰਧੀ ਆਪਣੀ ਗੱਲ ਰੱਖੀ ਗਈ। ਜਿਸ ਤੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਦੀ ਮੁਸਕਿਲ ਦੇ ਹੱਲ ਲਈ ਬੀਐਸਐਫ ਦੇ ਅਧਿਕਾਰੀਆਂ ਨਾਲ ਗਲ ਕਰਕੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕਿਸਾਨਾਂ ਨੂੰ ਮੁਸ਼ਕਿਲ ਨਾ ਆਉਣ ਦਿੱਤੀ ਆਵੇ। ਉਨਾਂ ਨੇ ਕਿਹਾ ਕਿ ਰਾਤ ਸਮੇਂ ਪਾਣੀ ਲਗਾਉਣ ਮੌਕੇ ਕਿਸਾਨਾਂ ਦੀ ਮੁਸਕਿਲ ਦਾ ਬੀਐਸਐਫ ਵੱਲੋਂ ਹੱਲ ਕਰ ਦਿੱਤਾ ਜਾਵੇਗਾ।

ਇਸ ਤੋਂ ਬਿਨਾਂ ਕਿਸਾਨਾਂ ਵੱਲੋਂ ਮੰਮੂ ਖੇੜਾ ਅਤੇ ਆਸਪਾਸ ਦੇ ਪਿੰਡਾਂ ਵਿਚ ਸੇਮ ਦੀ ਸਮੱਸਿਆ ਬਾਰੇ ਡਿਪਟੀ ਕਮਿਸ਼ਨਰ ਨੂੰੂ ਦੱਸਿਆ ਗਿਆ ਜਿਸ ਤੇ ਉਨਾਂ ਨੇ ਤੁਰੰਤ ਹੀ ਡ੍ਰੇਨਜ ਵਿਭਾਗ ਦੇ ਅਧਿਕਾਰੀਆਂ ਨੂੰ ਕਿਸਾਨਾਂ ਦੇ ਨਾਲ ਮੌਕੇ ਤੇ ਜਾ ਕੇ ਯੋਗ ਕਾਰਵਾਈ ਕਰਨ ਦੇ ਹੁਕਮ ਦਿੱਤੇ। ਉਨਾਂ ਨੇ ਮਾਲ ਵਿਭਾਗ ਦੇ ਪਟਵਾਰੀ ਅਤੇ ਕਾਨੂੰਗੋ ਨੂੰ ਵੀ ਇਸ ਸਬੰਧੀ ਰਿਪੋਰਟ ਭੇਜਣ ਲਈ ਕਿਹਾ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਉਨਾਂ ਦੀਆਂ ਸਾਰੀਆਂ ਮੰਗਾਂ ਦਾ ਤਰਜੀਹੀ ਅਧਾਰ ਤੇ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਨਹਿਰ ਸਬੰਧੀ ਉਹ ਆਪਣੀ ਮੰਗ ਲਿਖਤੀ ਤੌਰ ਤੇ ਭੇਜਣ ਤਾਂ ਉਸਤੇ ਵੀ ਕਾਰਵਾਈ ਕਰਦਿਆਂ ਕਿਸਾਨਾਂ ਨੂੰ ਪੂਰਾ ਨਹਿਰੀ ਪਾਣੀ ਮੁਹਈਆ ਕਰਵਾਇਆ ਜਾਵੇਗਾ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਪਲੇਸਮੈਂਟ ਕੈਂਪ 26 ਫਰਵਰੀ ਨੂੰ**

**ਫਾਜ਼ਿਲਕਾ, 25 ਫਰਵਰੀ**

ਪੰਜਾਬ ਸਰਕਾਰ ਵੱਲੋਂ ਘਰ ਘਰ ਰੋਜਗਾਰ ਮਿਸ਼ਨ ਤਹਿਤ ਇਕ ਵਿਸੇਸ਼ ਪਲੇਸਮੈਂਟ ਕੈਂਪ 26 ਫਰਵਰੀ 2021 ਨੂੰ ਜ਼ਿਲਾ ਰੋਜਗਾਰ ਅਤੇ ਕਾਰੋਬਾਰ ਬਿਓਰੋ ਫਾਜ਼ਿਲਕਾ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਇਹ ਕੈਂਪ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਜ਼ਿਲਾ ਪ੍ਰਬੰਧਕੀ ਕੰਪਲੈਕਸ, ਚੌਥੀ ਮੰਜ਼ਿਲ ਬਲਾਕ ਏ, ਕਮਰਾ ਨੰ: 502 ਵਿਖੇ ਮਿਤੀ 26-02-2021 ਨੂੰ 11 ਵਜੇ ਸਵੇਰੇ ਲਗਾਇਆ ਜਾ ਰਿਹਾ ਹੈ। ਇਸ ਰੋਜ਼ਗਾਰ ਮੇਲੇ ਵਿੱਚ ਸਵਿਫਟ ਸਕਿਊਰਟੀ ਲੁਧਿਆਣਾ ਅਤੇ ਕੰਪੀਟੈਂਟ ਸਿਨੈਰਜੀ ਮੋਹਾਲੀ ਕੰਪਨੀਆਂ ਭਾਗ ਲੈ ਰਹੀਆਂ ਹਨ। ਇਹਨਾਂ ਕੰਪਨੀਆਂ ਵਿੱਚ 10ਵੀਂ ਅਤੇ 12ਵੀਂ ਪਾਸ ਫਰੈਸ਼ਰ/ਤਜਰਬੇਕਾਰ ਲੜਕੇ ਅਤੇ ਲੜਕੀਆਂ ਦੀ ਲੋੜ ਹੈ।

ਇਸ ਤੋਂ ਇਲਾਵਾ ਇਹ ਵੀ ਧਿਆਨ ਵਿਚ ਰੱਖਿਆ ਜਾਵੇ ਕਿ ਕੋਵਡਿ-19 ਮਹਾਂਮਾਰੀ ਦੇ ਚਲਦੇ ਪਲੇਸਮੈਂਟ ਕੈਂਪ ਵਿਚ ਭਾਗ ਲੈ ਰਹੇ ਹਰੇਕ ਪ੍ਰਾਰਥੀ ਦੁਆਰਾ ਮਾਸਕ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ। ਜ਼ਿਲਾ ਰੋਜਗਾਰ ਅਤੇ ਉਤਪੱਤੀ ਅਫ਼ਸਰ ਸ੍ਰੀ ਿਸ਼ਨ ਲਾਲ ਨੇ ਦੱਸਿਆ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਹੈਲਪ ਲਾਈਨ ਨੰਬਰ-8906022220 ਤੇ ਸੰਪਰਕ ਕੀਤਾ ਜਾ ਸਕਦਾ ਹੈ।